ਦਫਤਰ:- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ,
ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)।
E-mail Id : pwdmohali@gmail.com Tel. & Fax No. 0172-2226328

**TO BE SUBSTITUTED BEARING SAME NO. AND DATE**

ਵੱਲ,

The Principal,
DAV Public Sr. Sec. School,
Sector 64, Phase-10, Mohali.

ਨੰ: 4639 ਮਿਤੀ:12-06-2024

ਵਿਸ਼ਾ:- ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਹਵਾਲਾ:- ਪ੍ਰਿੰਸੀਪਲ, DAV Public School, Sector 64, Mohali ਦਾ ਪੱਤਰ ਨੰ. DAV/MHL/10622 ਮਿਤੀ 30-04-2024 ਅਤੇ

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ , ਲੋ.ਨਿ.ਵਿ. ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਬਿਲਡਿੰਗ ਦਾ ਨਿਰੀਖਣ ਕੀਤਾ ਗਿਆ ਅਤੇ ਨਿਰੀਖਣ ਦੌਰਾਨ ਸਕੂਲ ਦੀ ਬਿਲਡਿੰਗ ਨੱਥੀ ਪਲਾਨ ਅਨੁਸਾਰ ਠੀਕ ਹੈ ਅਤੇ Visual Inspection ਅਨੁਸਾਰ ਬਿਲਡਿੰਗ Seems to be Good ਪਾਈ ਗਈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫਤਰੀ ਆਰਡਰ ਨੰ. 5/13/2018-3BR3/1294287/3 ਮਿਤੀ 10-08-2018 ਰਾਹੀਂ ਸਕੂਲ ਵੱਲੋਂ ਇਮਾਰਤ ਦੀ ਲੋੜੀਂਦੀ ਇੰਸਪੈਕਸ਼ਨ ਫੀਸ ਰੁਪਏ 15,000/-ਰੁਪਏ, ਜੀ.ਆਰ ਨੰ. 4300216 ਮਿਤੀ 03-06-2024 ਰਾਹੀਂ ਜਮ੍ਹਾਂ ਕਰਵਾ ਦਿੱਤੀ ਗਈ ਹੈ। ਸਕੂਲ ਦੀ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ , Rakhra Associates, Er. Sherry Rakhra, (ME Structures Hons.) ਦੇ ਪੱਤਰ ਨੰ. RA/STR/2024/1337 ਮਿਤੀ 22-04-2024 ਅਤੇ ਉਪ ਮੰਡਲ ਇੰਜੀਨੀਅਰ ਦੀ ਸਬੰਧਤ ਰਿਪੋਰਟ ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ 31-03-2025 ਤੱਕ ਇਸ ਸ਼ਰਤ ਤੇ ਜਾਰੀ ਕੀਤਾ ਜਾਂਦਾ ਹੈ ਕਿ ਇਹ ਸਕੂਲ, ਫਾਇਰ ਸੇਫਟੀ ਸਰਟੀਫਿਕੇਟ ਮਿਤੀ 16-09-2024 ਤੋਂ 31-03-2025 ਤੱਕ ਇਸ ਦਫਤਰ ਵਿੱਚ ਜਮ੍ਹਾਂ ਕਰਵਾਉਣਗੇ। ਜੇਕਰ ਉਕਤ ਸਮੇਂ ਦਾ ਫਾਇਰ ਸਰਟੀਫਿਕੇਟ ਜਮ੍ਹਾਂ ਨਹੀਂ ਕਰਵਾਇਆ ਜਾਂਦਾ ਤਾਂ ਇਹ ਸੇਫਟੀ ਸਰਟੀਫਿਕੇਟ ਮਿਤੀ 01-09-2024 ਤੱਕ ਹੀ ਸਮਝਿਆ ਜਾਵੇਗਾ। ਬਾਕੀ ਦੀਆਂ ਸ਼ਰਤਾਂ ਹੇਠ ਲਿਖੇ ਅਨੁਸਾਰ ਹਨ:-

1. ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁੱਖੀ ਵੱਲੋਂ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।
2. ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਅਤੇ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਐਸ.ਏ.ਐਸ ਨਗਰ ਵੱਲੋਂ ਉਨ੍ਹਾਂ ਦੇ ਨੰ. NOC No. 2004-75722-Fire/57134 ਮਿਤੀ 15-09-2023 ਦੁਆਰਾ ਜਾਰੀ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਲਿਖਿਆ ਗਿਆ ਹੈ ਕਿ ਅੱਗ ਬੁਝਾਉ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4 ਜੇ ਕਿਸੇ ਵੀ ਹਾਲਾਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ- ਇੰਸ:ਪੈਕਸ਼ਨ ਕਰਾਉਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।
5 ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋਂ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਨੱਥੀ/-

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ,ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।
ਮਿਤੀ:12-06-2024

ਪਿੱਠ ਅੰਕਣ ਨੰ.4640

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ , ਲੋ.ਨਿ.ਵਿਭਾਗ ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਨੂੰ ਉਨ੍ਹਾਂ ਦਾ ਪੱਤਰ ਨੰ. 185 ਮਿਤੀ 28-05-2024 ਦੇ ਹਵਾਲੇ ਵਿੱਚ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਨੱਥੀ/-

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।